**ਪਉੜੀ ॥ ਇਹ ਨੀਸਾਣੀ ਸਾਧ ਕੀ ਜਿਸੁ ਭੇਟਤ ਤਰੀਐ ॥ ਜਮਕੰਕਰੁ ਨੇੜਿ ਨ ਆਵਈ ਫਿਰਿ ਬਹੁੜਿ ਨ ਮਰੀਐ ॥ ਭਵ ਸਾਗਰੁ ਸੰਸਾਰੁ ਬਿਖੁ ਸੋ ਪਾਰਿ ਉਤਰੀਐ ॥ ਹਰਿ ਗੁਣ ਗੁੰਫਹੁ ਮਨਿ ਮਾਲ ਹਰਿ ਸਭ ਮਲੁ ਪਰਹਰੀਐ ॥ ਨਾਨਕ ਪ੍ਰੀਤਮ ਮਿਲਿ ਰਹੇ ਪਾਰਬ੍ਰਹਮ ਨਰਹਰੀਐ ॥੧੧॥**

**{ਪੰਨਾ 320}**

ਪਦਅਰਥ:- ਇਹ ਨਿਸਾਣੀ—ਇਹ ਨਿਸ਼ਾਨੀ। ਜਿਸੁ ਭੇਟਤ—ਜਿਸ (ਸਾਧੂ) ਨੂੰ ਮਿਲਿਆਂ। ਕੰਕਰੁ—(ਕਿੰਕਰ) ਦਾਸ, ਸੇਵਕ। ਬਹੁੜਿ—ਮੁੜ। ਬਿਖੁ—ਜ਼ਹਿਰ। ਗੁੰਫਹੁ—ਗੁੰਦੋ। ਮਨਿ—ਮਨ ਵਿਚ। ਪਰਹਰੀਐ—ਦੂਰ ਹੋ ਜਾਂਦੀ ਹੈ। ਨਰਹਰੀਐ—ਨਰਹਰਿ, ਕਰਤਾਰ।

ਅਰਥ:- ਸਾਧੂ ਦੀ ਇਹ ਨਿਸ਼ਾਨੀ ਹੈ ਕਿ ਉਸ ਨੂੰ ਮਿਲਿਆਂ (ਸੰਸਾਰ) ਸਮੁੰਦਰ ਤੋਂ ਤਰ ਜਾਈਦਾ ਹੈ, ਜਮ ਦਾ ਸੇਵਕ (ਭਾਵ, ਜਮਦੂਤ) ਨੇੜੇ ਨਹੀਂ ਢੁਕਦਾ ਤੇ ਮੁੜ ਮੁੜ ਨਹੀਂ ਮਰੀਦਾ; ਜੋ ਜ਼ਹਿਰ ਰੂਪ ਸੰਸਾਰ-ਸਮੁੰਦਰ ਹੈ ਇਸ ਤੋਂ ਪਾਰ ਲੰਘ ਜਾਈਦਾ ਹੈ।

ਹੇ ਭਾਈ! (ਸਾਧੂ ਗੁਰਮੁਖ ਨੇ ਮਿਲ ਕੇ) ਮਨ ਵਿਚ ਪਰਮਾਤਮਾ ਦੇ ਗੁਣਾਂ ਦੀ ਮਾਲਾ ਗੁੰਦੋ, ਮਨ ਦੀ ਸਾਰੀ ਮੈਲ ਦੂਰ ਹੋ ਜਾਂਦੀ ਹੈ। ਹੇ ਨਾਨਕ! (ਜਿਨ੍ਹਾਂ ਨੇ ਇਹ ਮਾਲਾ ਗੁੰਦੀ ਹੈ) ਉਹ ਪਾਰਬ੍ਰਹਮ ਪਰਮਾਤਮਾ ਨੂੰ ਮਿਲੇ ਰਹਿੰਦੇ ਹਨ।11।